ਪ੍ਰਭਾਤੀ ਮਹਲਾ ੫ ਬਿਭਾਸ ਪੜਤਾਲ ੴ ਸਤਿਗੁਰ ਪ੍ਰਸਾਦਿ ॥ ਰਮ ਰਾਮ ਰਾਮ ਰਾਮ ਜਾਪ ॥ ਕਲਿ ਕਲੇਸ ਲੋਭ ਮੋਹ ਬਿਨਸਿ ਜਾਇ ਅਹੰ ਤਾਪ ॥੧॥ ਰਹਾਉ ॥ ਆਪੁ ਤਿਆਗਿ ਸੰਤ ਚਰਨ ਲਾਗਿ ਮਨੁ ਪਵਿਤੁ ਜਾਹਿ ਪਾਪ ॥ ੧॥ ਨਾਨਕੁ ਬਾਰਿਕੁ ਕਛੂ ਨ ਜਾਨੈ ਰਾਖਨ ਕਉ ਪ੍ਰਭੁ ਮਾਈ ਬਾਪ ॥੨॥੧॥੧੪॥ {ਪੰਨਾ 1341}

ਪੜਤਾਲ—ਤਾਲ ਮੁੜ ਮੁੜ ਪਰਤਾਣਾ ਹੈ ਗਾਵਣ ਸਮੇ।

ਪਦ ਅਰਥ:- ਰਮ—ਸਰਬ-ਵਿਆਪਕ। ਕਲਿ—ਦੁੱਖ, ਝਗੜੇ। ਬਿਨਸਿ ਜਾਇ—ਨਾਸ ਹੋ ਜਾਂਦਾ ਹੈ (ਇਕ-ਵਚਨ)। ਅਹੰ—ਹਉਮੈ।1। ਰਹਾਉ।

ਆਪੁ—ਆਪਾ-ਭਾਵ। ਜਾਹਿ—ਦੂਰ ਹੋ ਜਾਂਦੇ ਹਨ (ਬਹੁ-ਵਚਨ)।1।

ਬਾਰਿਕੁ—ਅੰਞਾਣ ਬੱਚਾ। ਨ ਜਾਨੈ—ਨਹੀਂ ਜਾਣਦਾ। ਰਾਖਨ ਕਉ—ਰੱਖਿਆ ਕਰ ਸਕਣ ਵਾਲਾ। ਮਾਈ—ਮਾਂ।2।

ਅਰਥ:- ਹੇ ਭਾਈ! ਸਰਬ-ਵਿਆਪਕ ਪਰਮਾਤਮਾ ਦਾ ਨਾਮ ਸਦਾ ਜਪਿਆ ਕਰ। (ਸਿਮਰਨ ਦੀ ਬਰਕਤਿ ਨਾਲ) ਦੁੱਖ ਕਲੇਸ਼ ਲੋਭ ਮੋਹ ਹਉਮੈ ਦਾ ਤਾਪ—(ਹਰੇਕ ਵਿਕਾਰ) ਨਾਸ ਹੋ ਜਾਂਦਾ ਹੈ।1। ਰਹਾਉ।

ਹੇ ਭਾਈ! ਆਪਾ-ਭਾਵ ਛੱਡ ਦੇਹ, ਸੰਤ ਜਨਾਂ ਦੇ ਚਰਨਾਂ ਵਿਚ ਟਿਕਿਆ ਰਹੁ। (ਇਸ ਤਰ੍ਹਾਂ) ਮਨ ਪਵਿੱਤਰ (ਹੋ ਜਾਂਦਾ ਹੈ, ਅਤੇ ਸਾਰੇ) ਪਾਪ ਦੂਰ ਹੋ ਜਾਂਦੇ ਹਨ।1।

ਹੇ ਭਾਈ! ਨਾਨਕ (ਤਾਂ ਪ੍ਰਭੂ ਦਾ ਇਕ) ਅੰਞਾਣ ਬੱਚਾ (ਇਹਨਾਂ ਵਿਕਾਰਾਂ ਤੋਂ ਬਚਣ ਦਾ) ਕੋਈ ਢੰਗ ਨਹੀਂ ਜਾਣਦਾ। ਪ੍ਰਭੂ ਆਪ ਹੀ ਬਚਾ ਸਕਣ ਵਾਲਾ ਹੈ, ਉਹ ਪ੍ਰਭੂ ਹੀ (ਨਾਨਕ ਦਾ) ਮਾਂ ਪਿਉ ਹੈ।2।1।14।